Vigilance Bureau Punjab

## VIGILANCE NABS DENTAL DOCTOR FOR TAKING BRIBE RS.8500

Chandigarh, August 21 : State Vigilance Bureau today nabbed a dental doctor Surjeet Chaudhary posted at PHC Bhawanigarh, Sangrur district red handed while accepting bribe of Rs 8500.

Disclosing this here an official spokesperson of the Vigilance Bureau Punjab said the accused doctor was arrested on the complaint of Nirbhai Singh of villager Masani, tehsil Bhawanigarh, Sangrur district. The complainant has approached the VB and alleged that the accused doctor was demanding bribe Rs. 8500 for the treatment of teeth of his wife. He further said that he had already paid Rs. 2,000 as bribe to the accused doctor regarding this treatment.

After verifying his information, a vigilance team laid a trap and the accused doctor was arrested on the spot while taking bribe of Rs. 8500 from the complainant in the presence of two official witnesses. He informed that a case under various sections of prevention of corruption act has been registered against him at VB police station, Patiala and further investigation is under progress.

----------

ਵਿਜੀਲੈਂਸ ਬਿਓਰੋ ਪੰਜਾਬ

ਵਿਜੀਲੈਂਸ ਨੇ ਦੰਦਾਂ ਦੇ ਡਾਕਟਰ ਨੂੰ 8500 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਦਬੋਚਿਆ

ਚੰਡੀਗੜ੍ਹ, 21 ਅਗਸਤ: ਪੰਜਾਬ ਵਿਜੀਲੈਂਸ ਬਿਊਰੋ ਨੇ ਸਰਕਾਰੀ ਹਸਪਤਾਲ ਭਵਾਨੀਗੜ੍ਹ ਜਿਲਾ ਸੰਗਰੂਰ ਵਿਖੇ ਤਾਇਨਾਤ ਦੰਦਾਂ ਦੇ ਡਾਕਟਰ ਸੁਰਜੀਤ ਚੌਧਰੀ ਨੂੰ 8500 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਡਾਕਟਰ ਨੂੰ ਸ਼ਿਕਾਇਤਕਰਤਾ ਨਿਰਭੈ ਸਿੰਘ ਭੁੱਲਰ ਵਾਸੀ ਪਿੰਡ ਮਸਾਣੀ, ਤਹਿਸੀਲ ਭਵਾਨੀਗੜ੍ਹ, ਜਿਲਾ ਸੰਗਰੂਰ ਦੀ ਸ਼ਿਕਾਇਤ ‘ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦੀ ਪਤਨੀ ਦੇ ਦੰਦਾਂ ਦੇ ਇਲਾਜ ਕਰਨ ਬਦਲੇ ਉਕਤ ਡਾਕਟਰ ਵਲੋਂ ਰਿਸ਼ਵਤ ਦੀ ਮੰਗ ਕੀਤੀ ਗਈ ਹੈ। ਉਸ ਨੇ ਦੱਸਿਆ ਕਿ ਪਤਨੀ ਦੇ ਇਲਾਜ ਲਈ ਉਹ ਪਹਿਲਾਂ ਹੀ ਉਕਤ ਡਾਕਟਰ ਨੂੰ 2,000 ਰੁਪਏ ਰਿਸ਼ਵਤ ਵਜੋਂ ਦੇ ਚੁੱਕਾ ਹੈ ਅਤੇ ਹੁਣ ਇਸ ਡਾਕਟਰ ਵਲੋਂ 8500 ਰੁਪਏ ਰਿਸ਼ਵਤ ਦੀ ਹੋਰ ਮੰਗ ਕੀਤੀ ਗਈ ਹੈ। ਇਸ ਸਬੰਧੀ ਸ਼ਿਕਾਇਤਕਰਤਾ ਵਲੋਂ ਸਬੂਤ ਵਜੋਂ ਵਿਜੀਲੈਂਸ ਨੂੰ ਵੀਡਿਓ ਰਿਕਾਰਡਿੰਗ ਵੀ ਪੇਸ਼ ਕੀਤੀ ਹੈ।

ਵਿਜੀਲੈਂਸ ਬਿਊਰੋ ਪਟਿਆਲਾ ਯੂਨਿਟ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਡਾਕਟਰ ਨੂੰ ਅੱਜ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 8500 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਬੁਲਾਰੇ ਨੇ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਪਟਿਆਲਾ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

-----------